ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ
ਹੁਣ ਆਨ-ਲਾਈਨ ਪ੍ਰਣਾਲੀ ਰਾਹੀਂ ਕਰਵਾਇਆ ਜਾ ਸਕੇਗਾ ਇਲਾਜ
* **www.esanjeevaniopd.in** ਵੈਬਸਾਈਟ ਰਾਹੀਂ ਸੂਬੇ ਦੇ ਮਾਹਿਰ ਡਾਕਟਰਾਂ ਤੋਂ ਲਈ ਜਾ ਸਕਦੀ ਹੈ ਸਿਹਤ ਸਲਾਹ
* ਸੋਮਵਾਰ ਤੋਂ ਸ਼ਨਿਚਰਵਾਰ ਸਵੇਰੇ 10 ਤੋਂ ਦੁਪਹਿਰ ਦੇ 1 ਵਜੇ ਤੱਕ ਹੋਵੇਗੀ ਓਪੀਡੀ

ਬਰਨਾਲਾ, 25 ਅਪਰੈਲ
ਹੁਣ ਜ਼ਿਲ੍ਹਾ ਵਾਸੀ ਘਰ ਬੈਠੇ ਹੀ ਆਨਲਾਈਨ ਪ੍ਰਣਾਲੀ ਰਾਹੀਂ ਸੂਬੇ ਦੇ ਮਾਹਿਰ ਡਾਕਟਰਾਂ ਤੋਂ ਆਪਣੀ ਬਿਮਾਰੀ ਦੇ ਇਲਾਜ ਸਬੰਧੀ ਮੁਫ਼ਤ ਸਲਾਹ ਲੈ ਸਕਣਗੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੇ ਦੱਸਿਆ ਕਿ ਨੈਸ਼ਨਲ ਹੈਲਥ ਮਿਸ਼ਨ ਤਹਿਤ ਪੰਜਾਬ ਸਰਕਾਰ ਵੱਲੋਂ ਪ੍ਰਸ਼ਾਸ਼ਨਿਕ ਸੁਧਾਰ ਵਿਭਾਗ ਦੇ ਸਹਿਯੋਗ ਸਦਕਾ ਇਹ ਸਹੂਲਤ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਦਾ ਲਾਭ ਲੈਣ ਲਈ ਵੈਬਸਾਈਟ **https://www.esanjeevaniopd.in** ’ਤੇ ਜਾ ਕੇ ਪੇਸ਼ੈਂਟ ਰਜਿਸਟ੍ਰੇਸ਼ਨ ’ਤੇ ਜਾਣਾ ਹੈ।
ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕਰੋਨਾ ਵਾਇਰਸ (ਕੋਵਿਡ-19) ਦੇ ਚੱਲਦਿਆਂ ਸੂਬੇ ਅੰਦਰ ਕਰਫਿਊ ਲੱਗਾ ਹੋਇਆ ਹੈ, ਇਸ ਤਹਿਤ ਸਰਕਾਰ ਵੱਲੋਂ ਲੋਕਾਂ ਦੀ ਸਹੂਲਤ ਲਈ ਆਨ-ਲਾਈਨ ਓ.ਪੀ.ਡੀ. ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਦੇ ਮਾਹਿਰ ਡਾਕਟਰਾਂ ਦਾ ਇੱਕ ਪੈਨਲ ਸੋਮਵਾਰ ਤੋਂ ਸ਼ਨੀਵਾਰ ਤੱਕ ਰੋਜ਼ਾਨਾ ਸਵੇਰੇ 10 ਵਜੇ ਤੋਂ ਲੈ ਕੇ ਦੁਪਹਿਰ ਦੇ 1 ਵਜੇ ਤੱਕ ਮਰੀਜ਼ਾਂ ਨੂੰ ਆਨ-ਲਾਈਨ ਸਲਾਹ ਦੇਣ ਲਈ ਉਪਲੱਬਧ ਰਹੇਗਾ। ਉਨ੍ਹਾਂ ਦੱਸਿਆ ਕਿ ਫਿਲਹਾਲ ਹਾਲੇ ਜਨਰਲ ਫਿਜ਼ੀਸ਼ੀਅਨ (ਐਮ.ਡੀ. ਡਾਕਟਰ) ਦੀ ਓ.ਪੀ.ਡੀ. ਸ਼ੁਰੂ ਕਰਵਾਈ ਗਈ ਹੈ, ਪਰ ਜਲਦ ਹੀ ਹੋਰ ਵੀ ਮਾਹਿਰ ਡਾਕਟਰ ਇਸ ਵਿੱਚ ਸ਼ਾਮਿਲ ਕੀਤੇ ਜਾਣਗੇ।
ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਆਨ-ਲਾਈਨ ਓ.ਪੀ.ਡੀ. ਦੀ ਪ੍ਰਣਾਲੀ ਬਹੁਤ ਹੀ ਆਸਾਨ ਹੈ। ਉਨ੍ਹਾਂ ਦੱਸਿਆ ਕਿ ਇਸ ਵਿੱਚ ਸਭ ਤੋਂ ਪਹਿਲਾਂ ਵਿਅਕਤੀ ਇਸ ਵੈਬਸਾਈਟ ’ਤੇ ਆਪਣੇ ਮੋਬਾਇਲ ਸਮੇਤ ਆਪਣਾ ਵੇਰਵਾ ਤਸਦੀਕ ਕਰੇਗਾ। ਉਸ ਉਪਰੰਤ ਮਰੀਜ਼ ਇਸ ’ਤੇ ਰਜਿਸਟਰ ਹੋ ਜਾਵੇਗਾ ਅਤੇ ਉਸਦਾ ਟੋਕਨ ਬਣ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਉਪਰੰਤ ਜੋ ਟੋਕਨ ਨੰਬਰ ਅਤੇ ਪੇਸ਼ੈਂਟ ਆਈ.ਡੀ. ਸਬੰਧਤ ਵਿਅਕਤੀ ਦੇ ਮੋਬਾਇਲ ਨੰਬਰ ’ਤੇ ਆਵੇਗੀ ਉਸ ਰਾਹੀਂ ਪੇਸ਼ੈਂਟ ਆਪਣੀ ਆਈ.ਡੀ. ਲਾਗਇਨ ਕਰੇਗਾ ਅਤੇ ਆਪਣੀ ਵਾਰੀ ਦਾ ਇੰਤਜ਼ਾਰ ਕਰਕੇ ਡਾਕਟਰ ਨਾਲ ਸਲਾਹ ਕਰ ਸਕਦਾ ਹੈ। ਉਨ੍ਹਾਂ ਦੱਸਿਆ ਕਿ ਇਸ ਪ੍ਰਕ੍ਰਿਆ ਤੋਂ ਬਾਅਦ ਡਾਕਟਰ ਜੋ ਦਵਾਈਆਂ ਲਿਖਦਾ ਹੈ ਉਨ੍ਹਾਂ ਨੂੰ ਡਾਊਨਲੋਡ ਕਰਕੇ ਦਵਾਈਆਂ ਦੀ ਦੁਕਾਨ ਤੋਂ ਦਵਾਈਆਂ ਲੈ ਸਕਦਾ ਹੈ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ
ਝੋਨੇ ਦੀ ਸਿੱਧੀ ਬਿਜਾਈ ਨੂੰ ਤਰਜੀਹ ਦੇਣ ਕਿਸਾਨ: ਮੁੱਖ ਖੇਤੀਬਾੜੀ ਅਫਸਰ
* ਖੇਤੀ ਮਸ਼ੀਨਰੀ ’ਤੇ ਸਬਸਿਡੀ ਲਈ ਅਪਲਾਈ ਕਰਨ ਦਾ ਸੱਦਾ

ਬਰਨਾਲਾ, 25 ਅਪਰੈਲ
ਧਰਤੀ ਹੇਠਲੇ ਪਾਣੀ ਦੇ ਡਿੱਗਦੇ ਪੱਧਰ ਨੂੰ ਬਚਾਉਣ ਲਈ ਝੋਨੇ ਦੀ ਸਿੱਧੀ ਬਿਜਾਈ ਨੂੰ ਤਰਜੀਹ ਦਿੱਤੀ ਜਾਵੇ। ਇਹ ਅਪੀਲ ਕਰਦੇ ਹੋਏ ਮੁੱਖ ਖੇਤੀਬਾੜੀ ਅਫਸਰ ਬਰਨਾਲਾ ਡਾ. ਬਲਦੇਵ ਸਿੰਘ ਨੇ ਆਖਿਆ ਕਿ ਇਸ ਸਮੇਂ ਇਕ ਪਾਸੇ ਜਿੱਥੇ ਕਰੋਨਾ ਵਾਇਰਸ ਦੀ ਮਾਰ ਹੈ, ਉਥੇ ਦੂਜੇ ਪਾਸੇ ਧਰਤੀ ਹੇਠਲੇ ਪਾਣੀ ਦੇ ਡਿੱਗਦੇ ਪੱਧਰ ਨੂੰ ਬਚਾਉਣਾ ਵੀ ਬੇਹੱਦ ਅਹਿਮ ਹੈ।
ਡਾ. ਬਲਦੇਵ ਸਿੰਘ ਨੇ ਕਿਹਾ ਕਿ ਕਰੋਨਾ ਵਾਇਰਸ ਕਰਕੇ ਦੂਜੇ ਰਾਜਾਂ ਤੋਂ ਲੇਬਰ ਦੀ ਸਮੱਸਿਆ ਵੀ ਆ ਰਹੀ ਹੈ, ਇਸ ਲਈ ਕਿਸਾਨ ਝੋਨੇ ਦੀ ਸਿੱਧੀ ਬਿਜਾਈ ਕਰਨ। ਇਸ ਸਬੰਧੀ ਪੰਜਾਬ ਸਰਕਾਰ ਵੱਲੋਂ ਸਾਉਣੀ ਦੌਰਾਨ ਝੋਨੇ ਅਤੇ ਮੱਕੀ ਲਈ ਮਸ਼ੀਨਾਂ ’ਤੇ ਸਬਸਿਡੀ ਵੀ ਦਿੱਤੀ ਜਾਣੀ ਹੈ, ਜਿਸ ਬਾਰੇ ਪੰਜਾਬ ਸਰਕਾਰ ਵੱਲੋਂ ਇਸ਼ਤਿਹਾਰ ਵੀ ਪ੍ਰਕਾਸ਼ਿਤ ਕੀਤਾ ਗਿਆ ਹੈ। ਝੋਨੇ ਦੀ ਸਿੱਧੀ ਬਿਜਾਈ ਕਰਨ ਵਾਲੀਆਂ ਮਸ਼ੀਨਾਂ, ਝੋਨੇ ਦੀ ਪਨੀਰੀ ਲਾਉਣ ਵਾਲੀਆਂ ਮਸ਼ੀਨਾਂ, ਝੋਨੇ ਦੀ ਮਸ਼ੀਨੀ ਲੁਆਈ ਲਈ ਪਨੀਰੀ ਬੀਜਣ ਵਾਲੇ ਉਪਰਕਰਨ, ਮੱਕੀ ਦੇ ਦਾਣਿਆਂ ਨੂੰ ਸੁਕਾਉਣ ਲਈ ਮਸ਼ੀਨਾਂ, ਮੱਕੀ ਥਰੈਸ਼ਰ/ਸ਼ੈਲਰ/ਫੋਰੇਜ਼ ਹਾਰਵੈਸਟਰ/ਮਲਟੀ ਕਰਾਪ ਥਰੈਸ਼ਰ ਆਦਿ ’ਤੇ ਸਕੀਮ ਤਹਿਤ ਕਿਸਾਨਾਂ ਨੂੰ ਸਬਸਿਡੀ ਦਿੱਤੀ ਜਾਣੀ ਹੈ। ਇਸ ਬਾਰੇ ਕਿਸਾਨ ਖੇਤੀਬਾੜੀ ਵਿਭਾਗ ਦੇ ਆਨਲਾਈਨ ਪੋਰਟਲ ’ਤੇ ਅਪਲਾਈ ਕਰ ਸਕਦੇ ਹਨ ਜਾਂ ਫਿਰ ਆਪਣੇ ਬਲਾਕ ਦੇ ਖੇਤੀਬਾੜੀ ਅਫਸਰ ਨਾਲ ਸੰਪਰਕ ਕਰਕੇ ਦਸਤੀ ਵੀ ਅਰਜ਼ੀ ਜਮ੍ਹਾਂ ਕਰਵਾ ਸਕਦੇ ਹਨ।
ਉਨ੍ਹਾਂ ਅੱਗੇ ਕਿਹਾ ਕਿ ਬਰਨਾਲਾ ਜ਼ਿਲ੍ਹੇ ਵਿੱਚ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਦੇ ਹਰ ਸੰਭਵ ਯਤਨ ਕੀਤੇ ਜਾਣਗੇ ਤੇ ਝੋਨੇ ਥੱਲੇ ਰਕਬਾ ਘਟਾ ਕੇ ਝੋਨੇ ਦੀ ਸਿੱਧੀ ਬਿਜਾਈ, ਮੱਕੀ ਅਤੇ ਨਰਮੇ ਅਧੀਨ ਲਿਆਂਦਾ ਜਾਵੇਗਾ। ਇਸ ਦੇ ਨਾਲ ਹੀ ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਕਰੋਨਾ ਵਾਇਰਸ ਤੋਂ ਬਚਾਅ ਸਬੰਧੀ ਵੀ ਜਾਗਰੂਕ ਕੀਤਾ ਜਾ ਰਿਹਾ ਹੈ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ
ਬਿਹਾਰ ਨਾਲ ਸਬੰਧਤ ਪਰਵਾਸੀ ਮਜ਼ਦੂਰ ਕਰਵਾਉਣ ਰਜਿਸਟ੍ਰੇਸ਼ਨ, ਸਬੰਧਤ ਸਰਕਾਰ ਦੇਵੇਗੀ ਵਿੱਤੀ ਮਦਦ

ਬਰਨਾਲਾ, **25** ਅਪਰੈਲ
ਬਿਹਾਰ ਸਰਕਾਰ ਨੇ ਬਿਹਾਰੀ ਮੂਲ ਦੇ ਮਜ਼ਦੂਰਾਂ ਅਤੇ ਲੋੜਵੰਦ ਵਿਅਕਤੀਆਂ, ਜੋ ਤਾਲਾਬੰਦੀ ਕਾਰਨ ਦੂਜੇ ਸੂਬਿਆਂ ਵਿੱਚ ਫਸੇ ਹੋਏ ਹਨ, ਦੇ ਬੈਂਕ ਖਾਤੇ ਵਿੱਚ ਪ੍ਰਤੀ ਪਰਿਵਾਰ **1000** ਰੁਪਏ ਦੀ ਦਰ ਨਾਲ ਮੁੱਖ ਮੰਤਰੀ ਰਾਹਤ ਫੰਡ ਵਿੱਚੋਂ ਫੰਡ ਟਰਾਂਸਫਰ ਕਰਨ ਦਾ ਫੈਸਲਾ ਕੀਤਾ ਹੈ।
ਇਹ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੇ ਦੱਸਿਆ ਕਿ ਇਹ ਯੋਜਨਾ ਸਿਰਫ਼ ਉਨ੍ਹਾਂ ਲਈ ਹੈ ਜੋ ਬਿਹਾਰ ਦੇ ਵਸਨੀਕ ਹਨ ਅਤੇ ਕੋਰੋਨਾ ਵਾਇਰਸ ਕਾਰਨ ਐਲਾਨੀ ਗਈ ਤਾਲਾਬੰਦੀ ਕਾਰਨ ਦੂਜੇ ਸੂਬਿਆਂ ਵਿੱਚ ਫਸੇ ਹੋਏ ਹਨ। ਅਜਿਹੇ ਲੋਕ
ਵੈਬਸਾਈਟ **www.aapda.bih.nic.in** ’ਤੇ ਆਪਣੇ ਆਪ ਨੂੰ ਰਜਿਸਟਰ ਕਰ ਸਕਦੇ ਹਨ। ਰਜਿਸਟ੍ਰੇਸ਼ਨ ਲਈ ਲੋੜੀਂਦੇ ਦਸਤਾਵੇਜ਼ਾਂ ਵਿਚ ਲਾਭਪਾਤਰੀ ਦੇ ਆਧਾਰ ਕਾਰਡ ਦੀ ਕਾਪੀ, ਲਾਭਪਾਤਰੀ ਦੇ ਨਾਮ ਤੇ ਬੈਂਕ ਖਾਤਾ ਸ਼ਾਮਲ ਹੈ, ਜੋ ਬਿਹਾਰ ਸੂਬੇ ਦੇ ਬੈਂਕ ਦੀ ਸ਼ਾਖਾ ਨਾਲ ਸਬੰਧਤ ਹੋਵੇ। ਇਸ ਤੋਂ ਇਲਾਵਾ ਲਾਭਪਾਤਰੀ ਦੀ ਫੋਟੋ (ਸੈਲਫੀ) ਅਧਾਰ ਡਾਟਾਬੇਸ ਵਿਚਲੀ ਫੋਟੋ ਨਾਲ ਮੇਲ ਖਾਂਦੀ ਹੋਣੀ ਚਾਹੀਦੀ ਹੈ ਅਤੇ ਇਕ ਆਧਾਰ ਨੰਬਰ ਨਾਲ ਸਿਰਫ਼ ਇਕ ਰਜਿਸਟ੍ਰੇਸ਼ਨ ਹੋਣੀ ਚਾਹੀਦੀ ਹੈ। ਮੋਬਾਈਲ ਨੰਬਰ ’ਤੇ ਪ੍ਰਾਪਤ ਓਟੀਪੀ ਦੀ ਵਰਤੋਂ ਮੋਬਾਈਲ ਐਪ ’ਤੇ ਕੀਤੀ ਜਾਣੀ ਚਾਹੀਦੀ ਹੈ। ਇਸ ਨਾਲ ਸਬੰਧਤ ਸਹਾਇਤਾ ਸਿਰਫ ਬੈਂਕ ਖਾਤੇ ਵਿੱਚ ਹੀ ਭੇਜੀ ਜਾਏਗੀ। ਹੋਰ ਜਾਣਕਾਰੀ ਲਈ ਬਿਹਾਰ ਭਵਨ, ਨਵੀਂ ਦਿੱਲੀ ਵਿਖੇ ਹੈਲਪਲਾਈਨ ਨੰਬਰ **011-23792009, 23014326, 23013884** , ਜਦਕਿ ਪਟਨਾ ਕੰਟਰੋਲ ਰੂਮ ਦੇ ਨੰਬਰ **0612-2294204, 2294205** ’ਤੇ ਸੰਪਰਕ ਕੀਤਾ ਜਾ ਸਕਦਾ ਹੈ।
ਇਸੇ ਤਰਾਂ ਮੱਧ ਪ੍ਰਦੇਸ਼ ਸਰਕਾਰ ਵੱਲੋਂ ਵੀ ਦੂਜੇ ਰਾਜਾਂ ਵਿਚ ਫਸੇ ਆਪਣੇ ਨਾਗਰਿਕਾਂ ਲਈ ਇਕ ਹੈਲਪਲਾਈਨ ਨੰਬਰ ਜਾਰੀ ਕੀਤਾ ਗਿਆ ਹੈ। ਇਹ ਨੰਬਰ ਹੈ **0755-2411180** ਹੈ। ਮੱਧ ਪ੍ਰਦੇਸ਼ ਨਾਲ ਸਬੰਧਤ ਨਾਗਰਿਕ ਇਸ ਨੰਬਰ ’ਤੇ ਕਾਲ ਕਰਕੇ ਆਪਣੀ ਪੂਰੀ ਜਾਣਕਾਰੀ ਦਰਜ ਕਰਵਾ ਸਕਦੇ ਹਨ ਅਤੇ ਵਿੱਤੀ ਮਦਦ ਦਾ ਲਾਭ ਲੈ ਸਕਦੇ ਹਨ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ
ਡਿਪਟੀ ਕਮਿਸ਼ਨਰ ਵੱਲੋ ਢਿੱਲਵਾਂ ਦੇ ਕੋਵਿਡ ਕੇਅਰ ਸੈਂਟਰ ਦਾ ਜਾਇਜ਼ਾ
* ਜਵਾਹਰ ਨਵੋਦਿਆ ਵਿਦਿਆਲਿਆ ਵਿਖੇ ਬਣ ਰਿਹੈ ਕੋਵਿਡ ਕੇਅਰ ਸੈਂਟਰ
* ਕਰੋਨਾ ਵਾਇਰਸ ਦੇ ਟਾਕਰੇ ਲਈ ਜ਼ਿਲ੍ਹੇ ’ਚ ਪੁਖਤਾ ਸਹੂਲਤਾਂ ਬਣਾਈਆਂ ਯਕੀਨੀ: ਡਿਪਟੀ ਕਮਿਸ਼ਨਰ

ਤਪਾ/ਬਰਨਾਲਾ, 25 ਅਪਰੈਲ
ਕੋਵਿਡ 19 ਦੀ ਰੋਕਥਾਮ ਦੇ ਮੱਦੇਨਜ਼ਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਜਾ ਰਹੇ ਯਤਨਾਂ ਤਹਿਤ ਜਵਾਹਰ ਨਵੋਦਿਆ ਵਿਦਿਆਲਿਆ, ਢਿੱਲਵਾਂ ਨੂੰ ਕੋਵਿਡ ਕੇਅਰ ਸੈਂਟਰ ਵਜੋਂ ਨੋਟੀਫਾਈ ਕੀਤਾ ਗਿਆ ਹੈ, ਜਿਸ ਦਾ ਨਿਰੀਖਣ ਅੱਜ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਵੱਲੋਂ ਕੀਤਾ ਗਿਆ। ਇਸ ਮੌਕੇ ਸਿਵਲ ਸਰਜਨ ਡਾ. ਗੁਰਿੰਦਰਬੀਰ ਸਿੰਘ ਵੀ ਨਾਲ ਸਨ।
ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਫੂਲਕਾ ਨੇ ਦੱਸਿਆ ਕਿ ਕਰੋਨਾ ਵਾਇਰਸ ਦੇ ਮੱਦੇਨਜ਼ਰ ਆਈਸੋਲੇਸ਼ਨ ਦੀ ਵਧੇਰੇ ਸਹੂਲਤ ਯਕੀਨੀ ਬਣਾਉਣ ਲਈ ਢੁਕਵੇਂ ਪ੍ਰਬੰਧ ਕੀਤੇ ਗਏ ਹਨ। ਇਸੇ ਤਹਿਤ ਜਵਾਹਰ ਨਵੋਦਿਆ ਵਿਦਿਆਲਿਆ, ਢਿੱਲਵਾਂ ਨੂੰ ਕੋਵਿਡ ਕੇਅਰ ਸੈਂਟਰ ਨੋਟੀਫਾਈ ਕੀਤਾ ਜਾ ਚੁੱਕਾ ਹੈ ਤਾਂ ਜੋ ਕਿਸੇ ਵੀ ਤਰ੍ਹਾਂ ਦੀ ਲੋੜ ਪੈਣ ’ਤੇ ਇਸ ਸਹੂਲਤ ਦਾ ਲਾਹਾ ਲਿਆ ਜਾ ਸਕੇ। ਉਨ੍ਹਾਂ ਦੱਸਿਆ ਕਿ ਕੋਵਿਡ ਕੇਅਰ ਸੈਂਟਰ ਦਾ ਕੰਮ ਜਾਰੀ ਹੈ ਤੇ ਇਸ ਵਿਚ 240 ਬਿਸਤਰਿਆਂ ਦੀ ਸਹੂਲਤ ਹੋਵੇਗੀ।
ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕੋਵਿਡ ਕੇਅਰ ਸੈਂਟਰ ਵਿਚ ਸਾਰੀਆਂ ਲੋੜੀਂਦੀਆਂ ਸਹੂਲਤਾਂ ਦਾ ਜਾਇਜ਼ਾ ਲਿਆ ਅਤੇ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੀਆਂ ਹਦਾਇਤਾਂ ਜਾਰੀ ਕੀਤੀਆਂ। ਇਸ ਮੌਕੇ ਵਿਦਿਆਲਿਆ ਦੇ ਪ੍ਰਿੰਸੀਪਲ ਨਰੇਸ਼ ਕੁਮਾਰ ਤੇ ਹੋਰ ਅਧਿਕਾਰੀ, ਕਰਮਚਾਰੀ ਵੀ ਹਾਜ਼ਰ ਸਨ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ
ਮਾਰਕੀਟ ਕਮੇਟੀ ਵੱਲੋਂ ਆੜ੍ਹਤੀਆਂ ਨੂੰ 5 ਹਜ਼ਾਰ ਰੁਪਏ ਜੁਰਮਾਨਾ
* ਲੇਬਰ ਦੇ ਮਾਸਕ ਪਾਉਣਾ ਯਕੀਨੀ ਬਣਾਉਣ ਦੀ ਹਦਾਇਤ

ਬਰਨਾਲਾ, 25 ਅਪਰੈਲ
ਕਰੋਨਾ ਵਾਇਰਸ ਫੈਲਣ ਤੋਂ ਬਚਾਅ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਦੇ ਆਦੇਸ਼ਾਂ ਅਨੁਸਾਰ ਮੰਡੀਆਂ ਵਿਚ ਮਾਸਕ ਦੀ ਵਰਤੋਂ ਯਕੀਨੀ ਬਣਾਈ ਜਾ ਰਹੀ ਹੈ ਅਤੇ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਵਾਈ ਜਾ ਰਹੀ ਹੈ। ਇਸੇ ਤਹਿਤ ਅੱਜ ਸਬਜ਼ੀ ਮੰਡੀ ਵਿਚ ਕੁਝ ਲੇਬਰ ਦੇ ਮਾਸਕ ਨਾ ਪਾਏ ਹੋਣ ’ਤੇ ਮਾਰਕੀਟ ਕਮੇਟੀ ਵੱਲੋਂ ਆੜ੍ਹਤੀਆਂ ਨੂੰ 5000 ਰੁਪਏ ਜੁਰਮਾਨਾ ਕੀਤਾ ਗਿਆ ਹੈ।
ਜਾਣਕਾਰੀ ਅਨੁਸਾਰ ਜ਼ਿਲ੍ਹਾ ਮੰਡੀ ਅਫਸਰ ਜਸਪਾਲ ਸਿੰਘ ਦੀ ਦੇਖ-ਰੇਖ ਅਧੀਨ ਸੁਪਰਡੈਂਟ ਕੁਲਵਿੰਦਰ ਸਿੰਘ ਭੁੱਲਰ, ਮੰਡੀ ਸੁਪਰਵਾਈਜ਼ਰ ਜਗਸੀਰ ਸਿੰਘ ਤੇ ਰਾਜ ਕੁਮਾਰ ਦੀ ਟੀਮ ਵੱਲੋਂ ਸਬਜ਼ੀ ਮੰਡੀ ਵਿਚ ਚੈਕਿੰਗ ਕੀਤੀ ਗਈ ਅਤੇ ਲੇਬਰ ਦੇ ਮਾਸਕ ਨਾ ਪਾਏ ਹੋਣ ’ਤੇ 10 ਆੜ੍ਹਤੀਆਂ ਨੂੰ 5000 ਰੁਪਏ ਜੁਰਮਾਨਾ ਕੀਤਾ ਗਿਆ ਹੈ।
ਸਕੱਤਰ, ਮਾਰਕੀਟ ਕਮੇਟੀ ਨੇ ਦੱਸਿਆ ਕਿ ਆੜ੍ਹਤੀਆਂ ਨੂੰ ਸਮੇਂ ਸਮੇਂ ’ਤੇ ਅਪੀਲ ਕੀਤੀ ਜਾ ਰਹੀ ਹੈ ਕਿ ਉਹ ਲੇਬਰ ਦੇ ਮਾਸਕ ਪਾਇਆ ਹੋਣਾ ਯਕੀਨੀ ਬ Î ਣਾਉਣ ਤਾਂ ਜੋ ਜ਼ਿਲ੍ਹੇ ਵਿਚ ਕਰੋਨਾ ਵਾਇਰਸ ਤੋਂ ਬਚਾਅ ਰਹਿ ਸਕੇ। ਇਸੇ ਤਹਿਤ ਅੱਜ ਟੀਮ ਵੱਲੋਂ ਚੈਕਿੰਗ ਕਰ ਕੇ ਜੁਰਮਾਨੇ ਕੀਤੇ ਗਏ ਹਨ। ਜ਼ਿਲ੍ਹਾ ਮੰਡੀ ਅਫਸਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੀ ਲੇਬਰ ਨੂੰ ਮਾਸਕ ਮੁਹੱਈਆ ਕਰਾਏ ਗਏ ਹਨ ਅਤੇ ਆੜ੍ਹਤੀਆਂ ਨੂੰ ਵੀ ਹਦਾਇਤ ਕੀਤੀ ਗਈ ਹੈ ਕਿ ਮੰਡੀਆਂ ਵਿਚ ਲੇਬਰ ਦਾ ਮੂੰਹ ਕੱਪੜੇ ਨਾਲ ਢਕਿਆ ਹੋਵੇ ਜਾਂ ਉਨ੍ਹਾਂ ਦੇ ਮਾਸਕ ਪਾਇਆ ਹੋਵੇ ਤਾਂ ਜੋ ਕਰੋਨਾ ਵਾਇਰਸ ਤੋਂ ਬਚਾਅ ਰਹਿ ਸਕੇ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ
ਬਰਨਾਲਾ ਨਾਲ ਸਬੰਧਤ ਵਿਦੇਸ਼ਾਂ ਵਿੱਚ ਫਸੇ ਵਿਦਿਆਰਥੀਆਂ/ਭਾਰਤੀ ਨਾਗਰਿਕਾਂ ਦੇ ਵੇਰਵੇ ਕੰਟਰੋਲ ਰੂਮ ’ਤੇ ਦਿੱਤੇ ਜਾਣ: ਜ਼ਿਲ੍ਹਾ ਮੈਜਿਸਟ੍ਰੇਟ

ਬਰਨਾਲਾ, **25** ਅਪਰੈਲ

ਦੇਸ਼ ਭਰ ਵਿਚ ਕੋਰੋਨਾ ਵਾਇਰਸ ਕਾਰਨ ਸਾਰੀਆਂ ਵਿਦੇਸ਼ੀ ਉਡਾਨਾਂ ਬੰਦ ਹੋਣ ਕਾਰਨ ਵੱਡੀ ਗਿਣਤੀ ਵਿੱਚ ਵਿਦੇਸ਼ ਵਿੱਚ ਕੰਮ ਕਰ ਰਹੇ ਭਾਰਤੀ ਨਾਗਰਿਕ ਅਤੇ ਵੱਖ ਵੱਖ ਦੇਸ਼ਾਂ ਵਿੱਚ ਕਾਲਜ ਅਤੇ ਯੂਨੀਵਰਸਿਟੀਆਂ ਵਿੱਚ ਉਚ ਵਿਦਿਆ ਪ੍ਰਾਪਤ ਕਰ ਰਹੇ ਭਾਰਤੀ ਵਿਦਿਆਰਥੀ ਬਾਹਰਲੇ ਦੇਸ਼ਾਂ ਵਿਚ ਫਸ ਗਏ ਸਨ। ਇਨ੍ਹਾਂ ਭਾਰਤੀਆਂ ਨੂੰ ਵਾਪਸ ਲਿਆਉਣ ਲਈ ਸੂਬਾ ਸਰਕਾਰ ਵੱਲੋਂ ਯੋਜਨਾਬੰਦੀ ਉਲੀਕੀ ਜਾ ਰਹੀ ਹੈ।

ਇਸ ਸਬੰਧੀ ਜ਼ਿਲ੍ਹਾ ਮੈਜਿਸਟ੍ਰੇਟ ਬਰਨਾਲਾ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੇ ਦੱਸਿਆ ਕਿ ਜ਼ਿਲ੍ਹਾ ਬਰਨਾਲਾ ਨਾਲ ਸਬੰਧਤ ਅਜਿਹੇ ਵਿਦਿਆਰਥੀ ਜਾਂ ਭਾਰਤੀ ਨਾਗਰਿਕ ਆਪਣੇ ਵੇਰਵੇ ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ’ਤੇ ਦੇਣ ਤਾਂ ਜੋ ਇਹ ਵੇਰਵੇ ਅੱਗੇ ਭੇਜੇ ਜਾ ਸਕਣ। ਇਨ੍ਹਾਂ ਵੇਰਵਿਆਂ ਵਿਚ ਨਾਗਰਿਕ ਦਾ ਨਾਮ/ ਪਿਤਾ ਦਾ ਨਾਮ, ਮੌਜੂਦਾ ਮੋਬਾਈਲ ਨੰਬਰ, ਵਿਦੇਸ਼ ਵਿੱਚ ਮੌਜੂਦਾ ਪਤਾ, ਪਾਸਪੋਰਟ ਨੰਬਰ, ਫੈਮਿਲੀ ਕੇਸ ਵਿਚ ਪਰਿਵਾਰ ਦੇ ਨਾਲ ਆਉਣ ਵਾਲੇ ਮੈਂਬਰਾਂ ਦੀ ਗਿਣਤੀ ਤੇ ਪੰਜਾਬ ਵਿਚ ਨੇੜਲੇ ਹਵਾਈ ਅੱਡੇ ਦਾ ਨਾਮ ਆਦਿ ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ’ਤੇ ਦਰਜ ਕਰਾਇਆ ਜਾਵੇ। ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ਦਾ ਨੰਬਰ **01679-230032** ਹੈ। ਇਹ ਜਾਣਕਾਰੀ ਵਟਸਐਪ ਨੰਬਰ **99152-74032** ’ਤੇ ਵਟਸਐਪ ਰਾਹੀਂ ਵੀ ਭੇਜੀ ਜਾ ਸਕਦੀ ਹੈ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ
ਮੰਗਲਵਾਰ, ਸ਼ੁੱਕਰਵਾਰ ਤੇ ਐਤਵਾਰ ਬੰਦ ਰਹੇਗੀ ਸਬਜ਼ੀ ਮੰਡੀ
ਬਰਨਾਲਾ, **25** ਅਪਰੈਲ
ਕਰੋਨਾ ਵਾਇਰਸ ਫੈਲਣ ਤੋਂ ਬਚਾਅ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਦੇ ਆਦੇਸ਼ਾਂ ਅਨੁਸਾਰ ਬਰਨਾਲਾ ਦੀ ਸਬਜ਼ੀ ਮੰਡੀ ਹੁਣ ਹਰੇਕ ਮੰਗਲਵਾਰ, ਸ਼ੁੱਕਰਵਾਰ ਤੇ ਐਤਵਾਰ ਨੂੰ ਬੰਦ ਰਹੇਗੀ, ਜਦੋਂਕਿ ਪਹਿਲਾਂ ਮੰਡੀ ਹਰੇਕ ਸੋਮਵਾਰ ਅਤੇ ਸ਼ੁੱਕਰਵਾਰ ਬੰਦ ਰੱਖੀ ਗਈ ਸੀ। ਜ਼ਿਲ੍ਹਾ ਮੰਡੀ ਅਫਸਰ ਜਸਪਾਲ ਸਿੰਘ ਨੇ ਕੋਵਿਡ **19** ਫੈਲਣ ਤੋਂ ਬਚਾਅ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਬਰਨਾਲਾ ਜੀ ਦੇ ਹੁਕਮਾਂ ਅਨੁਸਾਰ **16** ਅਪਰੈਲ ਨੂੰ ਜਾਰੀ ਮੰਡੀ ਸੂਚਨਾ ਵਿਚ ਸੋਧ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਹ ਮੰਡੀ ਸੂਚਨਾ **27** ਅਪਰੈਲ ਤੋਂ ਲਾਗੂ ਹੋਵੇਗੀ, ਭਾਵ ਭਲਕੇ ਮੰਡੀ ਖੋਲ੍ਹੀ ਜਾਵੇਗੀ ਤੇ ਇਸ ਮਗਰੋਂ ਮੰਗਲਵਾਰ ਨੂੰ ਮੰਡੀ ਬੰਦ ਰਹੇਗੀ। ਉਨ੍ਹਾਂ ਆੜ੍ਹਤੀਆਂ ਤੇ ਖਰੀਦਦਾਰਾਂ ਨੂੰ ਇਨ੍ਹਾਂ ਹੁਕਮਾਂ ਦੀ ਪਾਲਣਾ ਯਕੀਨੀ ਬਣਾਉਣ ਲਈ ਆਖਿਆ ਹੈ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ
ਕਣਕ ਦੇ ਨਾੜ ਨੂੰ ਅੱਗ ਲਾਉਣ ਨਾਲ ਘਟ ਸਕਦੀ ਹੈ ਕਰੋਨਾ ਨਾਲ ਲੜਣ ਦੀ ਸਮਰੱਥਾ: ਸਿਵਲ ਸਰਜਨ
* ਕਿਸਾਨਾਂ ਨੂੰ ਕਣਕ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਾਉਣ ਦੀ ਅਪੀਲ

ਬਰਨਾਲਾ, 25 ਅਪਰੈਲ
ਕਰੋਨਾ ਵਾਇਰਸ ਨੂੰ ਲੈ ਕੇ ਸਿਹਤ ਵਿਭਾਗ ਵੱਲੋਂ ਤਨਦੇਹੀ ਤੇ ਜ਼ਿੰਮੇਵਾਰੀ ਨਾਲ ਹਰ ਜ਼ਰੂਰੀ ਕਦਮ ਚੁੱਕਿਆ ਜਾ ਰਿਹਾ ਹੈ ਤੇ ਜ਼ਿਲ੍ਹਾ ਵਾਸੀ ਵੀ ਪੂਰਾ ਸਹਿਯੋਗ ਦੇਣ। ਇਹ ਪ੍ਰਗਟਾਵਾ ਕਰਦੇ ਹੋਏ ਸਿਵਲ ਸਰਜਨ ਬਰਨਾਲਾ ਡਾ. ਗੁਰਿੰਦਰਬੀਰ ਸਿੰਘ ਨੇ ਆਖਿਆ ਕਿ ਕੋਰੋਨਾ ਵਾਇਰਸ ਇਕ ਭਿਆਨਕ ਬਿਮਾਰੀ ਹੈ। ਇਸ ਲਈ ਬਚਾਅ ਦੀ ਇਸ ਮੁਹਿੰਮ ਵਿੱਚ ਸਭ ਨੂੰ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਜ਼ਿਲ੍ਹੇ ਦੇ ਸਾਰੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਪਰਾਲੀ ਨੂੰ ਅੱਗ ਨਾ ਲਾਈ ਜਾਵੇ, ਕਿਉਂਕਿ ਕਣਕ ਦੇ ਨਾੜ ਨੂੰ ਅੱਗ ਲਾਉਣ ਨਾਲ ਵਾਤਾਰਵਰਣ ਤਾਂ ਪ੍ਰਦੂਸ਼ਿਤ ਹੁੰਦਾ ਹੀ ਹੈ, ਸਗੋਂ ਇਸ ਨਾਲ ਕੋਰੋਨਾ ਨਾਲ ਲੜਣ ਦੀ ਸਮਰੱਥਾ ਵੀ ਬਹੁਤ ਘਟ ਜਾਂਦੀ ਹੈ ।
ਸਿਵਲ ਸਰਜਨ ਬਰਨਾਲਾ ਨੇ ਕਿਹਾ ਕਿ ਪਰਾਲੀ ਦੇ ਧੂੰਏਂ ਨਾਲ ਸਾਹ ਤੇ ਫੇਫੜਿਆਂ ਦੀ ਬਿਮਾਰੀ ਨਾਲ ਪੀੜਤ ਲੋਕਾਂ ਨੂੰ ਕੋਰੋਨਾ ਦੀ ਲਪੇਟ ਵਿੱਚ ਆਉਣ ਅਤੇ ਕੋਰੋਨਾ ਦੇ ਫੈਲਣ ਦੀ ਸੰਭਾਵਨਾ ਬਹੁਤ ਵਧ ਜਾਂਦੀ ਹੈ। ਇਸ ਲਈ ਕਿਸਾਨ ਕਿਸੇ ਵੀ ਹਾਲਤ ਵਿਚ ਕਣਕ ਦੇ ਨਾੜ ਨੂੰ ਅੱਗ ਨਾ ਲਾਉਣ।